PunjabTimes

PUNJAB TIMES / 2026-08-15 / PAGE 16 / Punjabi

# ਅਮਰੀਕਾ ਦੀ ਸੰਸਥਾ ਵੱਲੋਂ ਖਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ 42 ਲੱਖ ਰੁਪਏ ਦੀ ਸਕਾਲਰਸ਼ਿਪ




ਪੰਜਾਬ ਟਾਇਮਜ਼ **ਵਿਸ਼ੇਸ਼**

ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਦਵਿੰਦਰਪਾਲ ਸਿੰਘ): ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ.ਐੱਚ.ਡੀ.ਐੱਫ.) ਯੂ.ਐੱਸ.ਏ. ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਭਗ 42 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀਨੀਅਰ ਸ. ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ।

ਇੰਜੀਨੀਅਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਐੱਸ.ਐੱਚ.ਡੀ.ਐੱਫ. ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵੱਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ।

ਉਨ੍ਹਾਂ ਕਿਹਾ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਇਹ ਕਾਰਜ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦੀ ਵੀ ਉੱਤਮ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ।

ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਸ. ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸ਼ਨ ਨੇ 1999 ਵਿੱਚ ਸਿਰਫ਼ 22 ਵਿਦਿਆਰਥੀਆਂ ਨਾਲ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਕਾਲਰਸ਼ਿਪ ਨੂੰ ਸਮਾਜ ਦੇ ਵਿਸ਼ਵਾਸ ਦੀ ਨਿਸ਼ਾਨੀ ਸਮਝਦਿਆਂ ਮਿਹਨਤ, ਇਮਾਨਦਾਰੀ ਅਤੇ ਉੱਚੇ ਕਿਰਦਾਰ ਨਾਲ ਅੱਗੇ ਵਧਣ ਅਤੇ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਪ੍ਰੇਰਿਆ।

ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਆਰਥਿਕ ਤੰਗੀ ਕਾਰਨ ਉੱਚ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪੁੱਜਣ ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਹੈ।

# ਅਮਰੀਕਾ ਦੀ ਸੰਸਥਾ ਵੱਲੋਂ ਖਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ 42 ਲੱਖ ਰੁਪਏ ਦੀ ਸਕਾਲਰਸ਼ਿਪ

## ਸ਼੍ਰੋਮਣੀ ਕਮੇਟੀ ਦੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਐਸ.ਐਚ.ਡੀ.ਐਫ. ਦੇ ਉਪਰਾਲੇ ਦੀ ਕੀਤੀ ਸ਼ਲਾਘਾ

**ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਐਚ ਐਸ ਵਾਲੀਆ ਸੇਵਾ ਸਿੰਘ ਸਤਿੰਦਰ ਪਾਲ ਸਿੰਘ)**

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ ਐੱਚ ਡੀ. ਐੱਫ.) ਯੂ.ਐੱਸ.ਏ. ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਭਗ 42 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵੱਜੋਂ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀਨੀਅਰ ਸ. ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇੰਜੀਨੀਅਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਐੱਸ.ਐੱਚ.ਡੀ.ਐੱਫ. ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵੱਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਇਹ ਕਾਰਜ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦੀ ਵੀ ਉੱਤਮ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਸ. ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸ਼ਨ ਨੇ 1999 ਵਿੱਚ ਸਿਰਫ 22 ਵਿਦਿਆਰਥੀਆਂ ਨਾਲ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਕਾਲਰਸ਼ਿਪ ਨੂੰ ਸਮਾਜ ਦੇ ਵਿਸ਼ਵਾਸ ਦੀ ਨਿਸ਼ਾਨੀ ਸਮਝਦਿਆਂ ਮਿਹਨਤ, ਇਮਾਨਦਾਰੀ ਅਤੇ ਉੱਚੇ ਕਿਰਦਾਰ ਨਾਲ ਅੱਗੇ ਵਧਣ ਅਤੇ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਪ੍ਰੇਰਿਆ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਆਰਥਿਕ ਤੰਗੀ ਕਾਰਨ ਉੱਚ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪੁੱਜਣ ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਹੈ। ਇਸ ਤਹਿਤ 151 ਵਿਦਿਆਰਥੀਆਂ ਨੂੰ ਲਗਭਗ 42 ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸਕਾਲਰਸ਼ਿਪ ਦੀ ਪਹਿਲੀ ਕਿਸ਼ਤ ਤਹਿਤ ਵੀ ਲਗਭਗ 38 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਸੰਸਥਾ ਵੱਲੋਂ ਕਾਲਜ ਵਿਖੇ ਵਿਦਿਆਰਥੀਆਂ ਨੂੰ ਵੰਡੇ ਜਾ ਚੁੱਕੇ ਹਨ। ਇਸ ਤਰ੍ਹਾਂ ਦੋਵੇਂ ਕਿਸ਼ਤਾਂ ਨੂੰ ਮਿਲਾ ਕੇ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੂੰ ਲਗਭਗ 80 ਲੱਖ ਰੁਪਏ ਦੀ ਸਕਾਲਰਸ਼ਿਪ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਸਿੱਖ ਨੈਸ਼ਨਲ ਕਾਲਜ ਬੰਗਾ ਦੇ ਸਾਬਕਾ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ, ਨਾਮਵਰ ਫੋਟੋਗ੍ਰਾਫਰ ਅਤੇ ਸ. ਗੁਰਬੀਰ ਸਿੰਘ ਬਰਾੜ ਦੀ ਧਰਮ ਪਤਨੀ ਸ੍ਰੀ ਮਤੀ ਗਗਨਦੀਪ ਕੌਰ ਬਰਾੜ, ਖਾਲਸਾ ਕਾਲਜ ਚੰਡੀਗੜ੍ਹ ਤੋਂ ਪ੍ਰੋਫੈਸਰ ਹਰਜੋਤ ਸਿੰਘ ਅਤੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।









DESH PARDESH TIMES
ਦੇਸ਼ ਪ੍ਰਦੇਸ਼ ਟਾਈਮਜ਼

# ਅਮਰੀਕਾ ਦੀ ਸੰਸਥਾ ਵੱਲੋਂ ਖਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ 42 ਲੱਖ ਰੁਪਏ ਦੀ ਸਕਾਲਰਸ਼ਿਪ

## ਸ਼੍ਰੋਮਣੀ ਕਮੇਟੀ ਦੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਐੱਸ. ਐੱਚ. ਡੀ. ਐੱਫ. ਦੇ ਉਪਰਾਲੇ ਦੀ ਕੀਤੀ ਸ਼ਲਾਘਾਯੋਗ

ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਦਰਸ਼ ਰਾਣਾ/ਜੋਗਿੰਦਰ ਰਾਣਾ) - ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸਨ (ਐੱਸ.ਐੱਚ.ਡੀ.ਐੱਫ.) ਯੂ.ਐੱਸ.ਏ. ਵੱਲੋਂ ਸਕਾਲਰਸਿਪ ਦੀ ਦੂਜੀ ਕਿਸਤ ਤਹਿਤ ਲਗਭਗ 42 ਲੱਖ ਰੁਪਏ ਦੀ ਰਾਸੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵੱਜੋ ਪੁੱਜੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀਨੀਅਰ ਸ. ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸਲਾਘਾ ਕੀਤੀ। ਇੰਜੀਨੀਅਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਐੱਸ.ਐੱਚ.ਡੀ.ਐੱਫ. ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਬਹੁਤ ਹੀ ਸਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵੱਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਇਹ ਕਾਰਜ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਸਮਾਜਿਕ ਜਿੰਮੇਵਾਰੀ ਦੀ ਵੀ ਉੱਤਮ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸਨ ਦੇ ਕਾਰਜਕਾਰੀ ਨਿਰਦੇਸਕ ਅਤੇ ਸਿੱਖ ਐਜੂਕੇਸਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਸ. ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸਨ ਨੇ 1999 ਵਿੱਚ ਸਿਰਫ 22 ਵਿਦਿਆਰਥੀਆਂ ਨਾਲ ਸਕਾਲਰਸਿਪ ਮਿਸਨ ਸੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਕਾਲਰਸਿਪ ਨੂੰ ਸਮਾਜ ਦੇ ਵਿਸਵਾਸ ਦੀ ਨਿਸਾਨੀ ਸਮਝਦਿਆਂ ਮਿਹਨਤ, ਇਮਾਨਦਾਰੀ ਅਤੇ ਉੱਚੇ ਕਿਰਦਾਰ ਨਾਲ ਅੱਗੇ ਵਧਣ ਅਤੇ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਪ੍ਰੇਰਿਆ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿੰਮੇਵਾਰੀ ਸਮਝਦੇ ਹੋਏ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਮ ਰੌਸਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਆਰਥਿਕ ਤੰਗੀ ਕਾਰਨ ਉੱਚ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਵਿਸੇਸ ਮਹਿਮਾਨਾਂ ਦਾ ਕਾਲਜ ਪੁੱਜਣ ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸਿਪ ਦੀ ਦੂਜੀ ਕਿਸਤ ਹੈ। ਇਸ ਤਹਿਤ 151 ਵਿਦਿਆਰਥੀਆਂ ਨੂੰ ਲਗਭਗ 42 ਲੱਖ ਰੁਪਏ ਦੀ ਰਾਸੀ ਪ੍ਰਦਾਨ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸਕਾਲਰਸਿਪ ਦੀ ਪਹਿਲੀ ਕਿਸਤ ਤਹਿਤ ਵੀ ਲਗਭਗ 38 ਲੱਖ ਰੁਪਏ ਦੀ ਰਾਸੀ ਦੇ ਚੈੱਕ ਸੰਸਥਾ ਵੱਲੋਂ ਕਾਲਜ ਵਿਖੇ ਵਿਦਿਆਰਥੀਆਂ ਨੂੰ ਵੰਡੇ ਜਾ ਚੁੱਕੇ ਹਨ। ਇਸ ਤਰ੍ਹਾਂ ਦੋਵੇਂ ਕਿਸਤਾਂ ਨੂੰ ਮਿਲਾ ਕੇ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੂੰ ਲਗਭਗ 80 ਲੱਖ ਰੁਪਏ ਦੀ ਸਕਾਲਰਸਿਪ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਸਿੱਖ ਐਜੂਕੇਸਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਸਿੱਖ ਨੈਸਨਲ ਕਾਲਜ ਬੰਗਾ ਦੇ ਸਾਬਕਾ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ, ਨਾਮਵਰ ਫੋਟੋਗ੍ਰਾਫਰ ਅਤੇ ਸ. ਗੁਰਬੀਰ ਸਿੰਘ ਬਰਾੜ ਦੀ ਧਰਮ ਪਤਨੀ ਸ੍ਰੀ ਮਤੀ ਗਗਨਦੀਪ ਕੌਰ ਬਰਾੜ, ਖਾਲਸਾ ਕਾਲਜ ਚੰਡੀਗੜ੍ਹ ਤੋਂ ਪ੍ਰੋਫੈਸਰ ਹਰਜੋਤ ਸਿੰਘ ਅਤੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੀ ਵਿਸੇਸ ਤੌਰ ਤੇ ਹਾਜਰ ਸਨ।




ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

# ਅਮਰੀਕਾ ਦੀ ਸੰਸਥਾ ਵੱਲੋਂ ਖਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ 42 ਲੱਖ ਰੁਪਏ ਦੀ ਸਕਾਲਰਸ਼ਿਪ

**ਸ਼੍ਰੋਮਣੀ ਕਮੇਟੀ ਦੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਐੱਸ.ਐੱਚ.ਡੀ.ਐੱਫ. ਦੇ ਉਪਰਾਲੇ ਦੀ ਕੀਤੀ ਸ਼ਲਾਘਾਯੋਗ**

ਪ੍ਰਾਈਮ ਉਦੇ

ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਜੋਗਿੰਦਰ ਰਾਣਾ /ਦਰਸ਼ ਰਾਣਾ) ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ.ਐੱਚ.ਡੀ.ਐੱਫ.) ਯੂ.ਐੱਸ.ਏ. ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਭਗ 42 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵੱਜੋ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀਨੀਅਰ ਸ. ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇੰਜੀਨੀਅਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਐੱਸ.ਐੱਚ.ਡੀ.ਐੱਫ. ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵੱਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਇਹ ਕਾਰਜ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦੀ ਵੀ ਉੱਤਮ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਸ. ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸ਼ਨ ਨੇ 1999 ਵਿੱਚ ਸਿਰਫ਼ 22 ਵਿਦਿਆਰਥੀਆਂ ਨਾਲ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਕਾਲਰਸ਼ਿਪ ਨੂੰ ਸਮਾਜ ਦੇ ਵਿਸ਼ਵਾਸ ਦੀ ਨਿਸ਼ਾਨੀ ਸਮਝਦਿਆਂ ਮਿਹਨਤ, ਇਮਾਨਦਾਰੀ ਅਤੇ ਉੱਚੇ ਕਿਰਦਾਰ ਨਾਲ ਅੱਗੇ ਵਧਣ ਅਤੇ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਪ੍ਰੇਰਿਆ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਆਰਥਿਕ ਤੰਗੀ ਕਾਰਨ ਉੱਚ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪੁੱਜਣ ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਹੈ। ਇਸ ਤਹਿਤ 151 ਵਿਦਿਆਰਥੀਆਂ ਨੂੰ ਲਗਭਗ 42 ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸਕਾਲਰਸ਼ਿਪ ਦੀ ਪਹਿਲੀ ਕਿਸ਼ਤ ਤਹਿਤ ਵੀ ਲਗਭਗ 38 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਸੰਸਥਾ ਵੱਲੋਂ ਕਾਲਜ ਵਿਖੇ ਵਿਦਿਆਰਥੀਆਂ ਨੂੰ ਵੰਡੇ ਜਾ ਚੁੱਕੇ ਹਨ। ਇਸ ਤਰ੍ਹਾਂ ਦੋਵੇਂ ਕਿਸ਼ਤਾਂ ਨੂੰ ਮਿਲਾ ਕੇ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੂੰ ਲਗਭਗ 80 ਲੱਖ ਰੁਪਏ ਦੀ ਸਕਾਲਰਸ਼ਿਪ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਸਿੱਖ ਨੈਸ਼ਨਲ ਕਾਲਜ ਬੰਗਾ ਦੇ ਸਾਬਕਾ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ, ਨਾਮਵਰ ਫੋਟੋਗ੍ਰਾਫਰ ਅਤੇ ਸ. ਗੁਰਬੀਰ ਸਿੰਘ ਬਰਾੜ ਦੀ ਧਰਮ ਪਤਨੀ ਸ੍ਰੀ ਮਤੀ ਗਗਨਦੀਪ ਕੌਰ ਬਰਾੜ, ਖਾਲਸਾ ਕਾਲਜ ਚੰਡੀਗੜ੍ਹ ਤੋਂ ਪ੍ਰੋਫੈਸਰ ਹਰਜੋਤ ਸਿੰਘ ਅਤੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।








# ਐੱਸ ਐੱਚ ਡੀ ਐੱਫ ਨੇ 42 ਲੱਖ ਦੇ ਵਜ਼ੀਫ਼ੇ ਵੰਡੇ

**ਖ਼ਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਚੈੱਕ ਦਿੱਤੇ**

**ਪੱਤਰ ਪ੍ਰੇਰਕ**

**ਸ੍ਰੀ ਆਨੰਦਪੁਰ ਸਾਹਿਬ, 14 ਅਗਸਤ**

ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਹੋਣਹਾਰ 151 ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ ਐੱਚ ਡੀ ਐੱਫ) ਯੂ ਐੱਸ ਏ ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਪਗ 42 ਲੱਖ ਰੁਪਏ ਦੇ ਚੈੱਕ ਪ੍ਰਦਾਨ ਕੀਤੇ ਗਏ। ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟਰ ਸਿੱਖਿਆ ਤੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

ਐੱਸ ਐੱਚ ਡੀ ਐੱਫ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਮੈਂਬਰ ਗੁਰਬੀਰ ਸਿੰਘ ਬਰਾੜ ਨੇ ਦੱਸਿਆ ਕਿ ਫਾਊਂਡੇਸ਼ਨ ਨੇ 1999 ਵਿੱਚ 22 ਵਿਦਿਆਰਥੀਆਂ ਤੋਂ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਹੁਣ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਡਾ. ਤਰਸੇਮ ਸਿੰਘ ਭਿੰਡਰ, ਗਗਨਦੀਪ ਕੌਰ ਬਰਾੜ, ਪ੍ਰੋ. ਹਰਜੋਤ ਸਿੰਘ ਅਤੇ ਪ੍ਰੋ. ਜਸਪ੍ਰੀਤ ਸਿੰਘ ਹਾਜ਼ਰ ਸਨ।



ਵਜ਼ੀਫ਼ੇ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਮੁੱਖ ਮਹਿਮਾਨ ਅਤੇ ਹੋਰਾਂ ਨਾਲ।

# ਅਮਰੀਕਾ ਦੀ ਸੰਸਥਾ ਵੱਲੋਂ ਖਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ 42 ਲੱਖ ਰੁਪਏ ਦੀ ਸਕਾਲਰਸ਼ਿਪ

## ਸ਼੍ਰੋਮਣੀ ਕਮੇਟੀ ਦੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਐੱਸ.ਐੱਚ.ਡੀ.ਐੱਫ. ਦੇ ਉਪਰਾਲੇ ਦੀ ਕੀਤੀ ਸ਼ਲਾਘਾਯੋਗ

ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਚਾਨਾ): ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ.ਐੱਚ.ਡੀ.ਐੱਫ.) ਯੂ.ਐੱਸ.ਏ. ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਭਗ 42 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀਨੀਅਰ ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇੰਜੀਨੀਅਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਐੱਸ.ਐੱਚ.ਡੀ.ਐੱਫ. ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵੱਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਇਹ ਕਾਰਜ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦੀ ਵੀ ਉੱਤਮ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸ਼ਨ ਨੇ 1999 ਵਿੱਚ ਸਿਰਫ਼ 22 ਵਿਦਿਆਰਥੀਆਂ ਨਾਲ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਕਾਲਰਸ਼ਿਪ ਨੂੰ ਸਮਾਜ ਦੇ ਵਿਸ਼ਵਾਸ ਦੀ ਨਿਸ਼ਾਨੀ ਸਮਝਦਿਆਂ ਮਿਹਨਤ, ਇਮਾਨਦਾਰੀ ਅਤੇ ਉੱਚੇ ਕਿਰਦਾਰ ਨਾਲ ਅੱਗੇ ਵਧਣ ਅਤੇ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਪ੍ਰੇਰਿਆ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਆਰਥਿਕ ਤੰਗੀ ਕਾਰਨ ਉੱਚ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪੁੱਜਣ ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਹੈ। ਇਸ ਤਹਿਤ 151 ਵਿਦਿਆਰਥੀਆਂ ਨੂੰ ਲਗਭਗ 42 ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸਕਾਲਰਸ਼ਿਪ ਦੀ ਪਹਿਲੀ ਕਿਸ਼ਤ ਤਹਿਤ ਵੀ ਲਗਭਗ 38 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਸੰਸਥਾ ਵੱਲੋਂ ਕਾਲਜ ਵਿਖੇ ਵਿਦਿਆਰਥੀਆਂ ਨੂੰ ਵੰਡੇ ਜਾ ਚੁੱਕੇ ਹਨ। ਇਸ ਤਰ੍ਹਾਂ ਦੋਵੇਂ ਕਿਸ਼ਤਾਂ ਨੂੰ ਮਿਲਾ ਕੇ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੂੰ ਲਗਭਗ 80 ਲੱਖ ਰੁਪਏ ਦੀ ਸਕਾਲਰਸ਼ਿਪ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਸਿੱਖ ਨੈਸ਼ਨਲ ਕਾਲਜ ਬੰਗਾ ਦੇ ਸਾਬਕਾ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ, ਨਾਮਵਰ ਫੋਟੋਗ੍ਰਾਫਰ ਅਤੇ ਗੁਰਬੀਰ ਸਿੰਘ ਬਰਾੜ ਦੀ ਧਰਮ ਪਤਨੀ ਸ੍ਰੀ ਮਤੀ ਗਗਨਦੀਪ ਕੌਰ ਬਰਾੜ, ਖਾਲਸਾ ਕਾਲਜ ਚੰਡੀਗੜ੍ਹ ਤੋਂ ਪ੍ਰੋਫੈਸਰ ਹਰਜੋਤ ਸਿੰਘ ਅਤੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



[redacted]

# ਐੱਸ ਐੱਚ ਡੀ ਐੱਫ ਨੇ 42 ਲੱਖ ਦੇ ਵਜ਼ੀਫ਼ੇ ਵੰਡੇ

**ਖ਼ਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ ਚੈੱਕ ਦਿੱਤੇ**


ਪੱਤਰ ਪ੍ਰੇਰਕ

ਸ੍ਰੀ ਆਨੰਦਪੁਰ ਸਾਹਿਬ, 14 ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਹੋਣਹਾਰ 151 ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐੱਸ ਐੱਚ ਡੀ ਐੱਫ) ਯੂ ਐੱਸ ਏ ਵੱਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਪਗ 42 ਲੱਖ ਰੁਪਏ ਦੇ ਚੈੱਕ ਪ੍ਰਦਾਨ ਕੀਤੇ ਗਏ। ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟਰ ਸਿੱਖਿਆ ਤੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਨੇ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

ਐੱਸ ਐੱਚ ਡੀ ਐੱਫ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਮੈਂਬਰ ਗੁਰਬੀਰ ਸਿੰਘ ਬਰਾੜ ਨੇ ਦੱਸਿਆ ਕਿ ਫਾਊਂਡੇਸ਼ਨ ਨੇ 1999 ਵਿੱਚ 22 ਵਿਦਿਆਰਥੀਆਂ ਤੋਂ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਹੁਣ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਡਾ. ਤਰਸੇਮ ਸਿੰਘ ਭਿੰਡਰ, ਗਗਨਦੀਪ ਕੌਰ ਬਰਾੜ, ਪ੍ਰੋ. ਹਰਜੋਤ ਸਿੰਘ ਅਤੇ ਪ੍ਰੋ. ਜਸਪ੍ਰੀਤ ਸਿੰਘ ਹਾਜ਼ਰ ਸਨ।



ਵਜ਼ੀਫ਼ੇ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਮੁੱਖ ਮਹਿਮਾਨ ਅਤੇ ਹੋਰਾਂ ਨਾਲ।

# ਅਮਰੀਕੀ ਸੰਸਥਾ ਵਲੋਂ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਦੇ 151 ਵਿਦਿਆਰਥੀਆਂ ਨੂੰ 42 ਲੱਖ ਰੁਪਏ ਦੀ ਸਕਾਲਰਸ਼ਿਪ ਪ੍ਰਦਾਨ

ਸ੍ਰੀ ਅਨੰਦਪੁਰ ਸਾਹਿਬ, 14 ਅਗਸਤ (ਕਰਨੈਲ ਸਿੰਘ)- ਸਥਾਨਕ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ 'ਚ ਹੋਣਹਾਰ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐਸ.ਐੱਚ.ਡੀ.ਐਫ.) ਯੂ.ਐਸ.ਏ. ਵਲੋਂ ਸਕਾਲਰਸ਼ਿਪ ਦੀ ਦੂਜੀ ਕਿਸ਼ਤ ਤਹਿਤ ਲਗਪਗ 42 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ। ਪ੍ਰੋਗਰਾਮ 'ਚ ਮੁੱਖ ਮਹਿਮਾਨ ਵਜੋ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਸਿੱਖਿਆ ਅਤੇ ਸਕੱਤਰ ਸਿੱਖਿਆ ਇੰਜੀ: ਸੁਖਮਿੰਦਰ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇੰਜੀ: ਸੁਖਮਿੰਦਰ ਸਿੰਘ ਨੇ ਕਿਹਾ ਕਿ ਕਿ ਵਿੱਤੀ ਕਮਜ਼ੋਰੀ ਕਾਰਨ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ ਅਤੇ ਅਜਿਹੀਆਂ ਸੰਸਥਾਵਾਂ ਵਲੋਂ ਦਿੱਤੀ ਜਾਂਦੀ ਸਹਾਇਤਾ ਵਿਦਿਆਰਥੀਆਂ ਨੂੰ ਆਪਣੀ ਉੱਚ ਸਿੱਖਿਆ ਜਾਰੀ ਰੱਖਣ ਲਈ ਵੱਡਾ ਸਹਾਰਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਿੱਤੀ ਸਹਾਇਤਾ ਨਾਲ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ



ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਐਸ.ਐੱਚ.ਡੀ.ਐਫ.) ਯੂ.ਐੱਸ.ਏ. ਵਲੋਂ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇਣ ਮੌਕੇ ਕਾਲਜ ਸਟਾਫ਼ ਤੇ ਵਿਦਿਆਰਥੀ।

ਕਾਰਜਕਾਰੀ ਨਿਰਦੇਸ਼ਕ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਚੰਡੀਗੜ੍ਹ ਦੇ ਮੈਂਬਰ ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਫਾਊਂਡੇਸ਼ਨ ਨੇ 1999 'ਚ ਸਿਰਫ਼ 22 ਵਿਦਿਆਰਥੀਆਂ ਨਾਲ ਸਕਾਲਰਸ਼ਿਪ ਮਿਸ਼ਨ ਸ਼ੁਰੂ ਕੀਤਾ ਸੀ, ਜੋ ਅੱਜ 13,000 ਵਿਦਿਆਰਥੀਆਂ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੜ੍ਹਾਈ 'ਚ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਪਰਿਵਾਰ, ਸੰਸਥਾ ਅਤੇ ਸਮਾਜ ਦਾ ਨਾਂਅ ਰੌਸ਼ਨ ਕਰਨ। ਇਸ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪੁੱਜਣ 'ਤੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸਕਾਲਰਸ਼ਿਪ ਦੀ ਪਹਿਲੀ ਕਿਸ਼ਤ ਤਹਿਤ ਵੀ ਲਗਪਗ 38 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਸੰਸਥਾ ਵਲੋਂ ਕਾਲਜ ਵਿਖੇ ਵਿਦਿਆਰਥੀਆਂ ਨੂੰ ਵੰਡੇ ਜਾ ਚੁੱਕੇ ਹਨ। ਇਸ ਮੌਕੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਜੁਆਇੰਟ ਸਕੱਤਰ ਐਡਵੋਕੇਟ ਕਰਨਦੀਪ ਸਿੰਘ ਚੀਮਾ, ਸਿੱਖ ਨੈਸ਼ਨਲ ਕਾਲਜ ਬੰਗਾ ਦੇ ਸਾਬਕਾ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ, ਨਾਮਵਰ ਫੋਟੋਗ੍ਰਾਫਰ ਅਤੇ ਗੁਰਬੀਰ ਸਿੰਘ ਬਰਾੜ ਦੀ ਧਰਮ ਪਤਨੀ ਗਗਨਦੀਪ ਕੌਰ ਬਰਾੜ, ਖ਼ਾਲਸਾ ਕਾਲਜ ਚੰਡੀਗੜ੍ਹ ਤੋਂ ਪ੍ਰੋਫੈਸਰ ਹਰਜੋਤ ਸਿੰਘ ਤੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।